ਆਤਮਾ ਸਕੀਮ ਤਹਿਤ ਪਿੰਡ ਪੱਧਰ ’ਤੇ 394 ਅਤੇ 9 ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਏ : ਡਿਪਟੀ ਕਮਿਸ਼ਨਰ

ਖੇਤੀਬਾੜੀ ਅਧਿਕਾਰੀਆਂ ਨੂੰ ਸਰਕਾਰ ਵੱਲੋਂ ਮਿਲਣ ਵਾਲੀਆਂ ਵੱਖ-ਵੱਖ ਸਹੂਲਤਾਂ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਆਦੇਸ਼

ਤਰਨਤਾਰਨ, 8 ਦਸੰਬਰ :

ਸਾਲ 2017-18 ਹਾੜ੍ਹੀ ਦੌਰਾਨ ਜ਼ਿਲ੍ਹਾ ਤਰਨਤਾਰਨ ਦਾ ਅੰਦਾਜ਼ਨ ਕਣਕ ਹੇਠ ਰਕਬੇ ਦਾ ਟੀਚਾ 1,85,00 ਹੈਕਟੇਅਰ ਮਿੱਥਿਆ ਗਿਆ ਹੈ, ਜਿਸ ਵਿੱਚੋਂ ਲਗਭਗ ਹੁਣ ਤੱਕ 90 ਫ਼ੀਸਦੀ ਕਣਕ ਦੀ ਬਿਜਾਈ ਹੋ ਚੁੱਕੀ ਹੈ। ਇਸ ਸਾਲ ਜ਼ਿਲ੍ਹੇ ਵਿੱਚ 50 ਫ਼ੀਸਦੀ ਬਿਜਾਈ ਜੀਰੋ ਟਿੱਲ ਡਰਿੱਲ, ਹੈਪੀ ਸੀਡਰ ਅਤੇ ਹੋਰ ਦੂਜੇ ਸੰਦਾਂ ਨਾਲ ਪਰਾਲੀ ਖੇਤਾਂ ਵਿੱਚ ਵਾਹ ਕੇ ਕੀਤੀ ਗਈ ਹੈ, ਜਿਸਦੇ ਬਹੁਤ ਵਧੀਆ ਨਤੀਜੇ ਮਿਲ ਰਹੇ ਹਨ।

ਇਹ ਜਾਣਕਾਰੀ ਪ੍ਰਗਟਾਵਾ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕਮਾਰ ਸੱਭਰਵਾਲ ਨੇ ਅੱਜ ਖੇਤੀਬਾੜੀ ਉਤਪਾਦਨ ਕਮੇਟੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਆਤਮਾ ਸਕੀਮ ਦੇ ਤਹਿਤ ਹੁਣ ਤੱਕ ਪਿੰਡ ਪੱਧਰ ’ਤੇ 394 ਤੇ 9 ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਏ ਗਏ ਹਨ, ਜਿਨ੍ਹਾਂ ਵਿੱਚ ਫ਼ਸਲਾਂ ਦੀ ਰਹਿੰਦ-ਖੂਹੰਦ ਨੂੰ ਸਾਂਭਣ ਸਬੰਧੀ ਮਸ਼ੀਨਰੀ ਬਾਰੇ ਕਿਸਾਨਾਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਉਨ੍ਹਾਂ ਦੱਸਿਆ ਕਿ ਸੀ.ਡੀ.ਪੀ. ਮਸ਼ੀਨ ਮਸ਼ੀਨਰੀ ਅਧੀਨ ਖੇਤੀਬਾੜੀ ਵਿਭਾਗ ਵੱਲੋਂ 18 ਚੌਪਰ, 10 ਐਮ.ਬੀ. ਪਲਾਅ ਅਤੇ 15 ਹੈਪੀ ਸੀਡਰ ਦੀ ਬਣਤੀ ਸਬਸਿਡੀ ਕਿਸਾਨਾਂ ਦੇ ਖਾਤਿਆਂ ਵਿੱਚ ਡੀ.ਬੀ.ਟੀ. ਕਰ ਦਿੱਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਰਕਾਰ ਵੱਲੋਂ ਮਿਲਣ ਵਾਲੀਆਂ ਵੱਖ-ਵੱਖ ਸਹੂਲਤਾਂ ਸਬੰਧੀ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ। ਇਸ ਮੌਕੇ ਜਨਰਲ ਸਹਾਇਕ ਸ੍ਰੀ ਹਰਚਰਨ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਸ੍ਰੀ ਪ੍ਰਤਾਪ ਸਿੰਘ ਸੰਧੂ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

-------------------------